# ਮਾਤਾ ਭਾਸ਼ਾ ਨੂੰ ਵੱਧ ਸਤਿਕਾਰ ਦਿਓ:ਜੌਹਲ

**ਸਟਾਫ ਰਿਪੋਰਟਰ•ਪੰਜਾਬੀ ਜਾਗਰਣ, ਰੂਪਨਗਰ** : ਪ੍ਰਿੰਸੀਪਲ ਸਰਕਾਰੀ ਕਾਲਜ ਰੋਪੜ ਅਤੇ ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ (ਕਾ) ਦੀ ਅਗਵਾਈ ਵਿੱਚ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਸਰਕਾਰੀ ਕਾਲਜ ਰੋਪੜ ਵੱਲੋਂ ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ-2025 ਮਨਾਇਆ ਗਿਆ। ਪ੍ਰਿੰਸੀਪਲ ਜਤਿੰਦਰ ਸਿੰਘ ਗਿੱਲ ਨੇ ਮਾਤ ਭਾਸ਼ਾ ਦੀ ਅਜੋਕੇ ਸਮੇਂ ਵਿੱਚ ਲੋੜ ਤੇ ਚਾਨ੍ਹਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਇਸ ਦੀ ਮੁੱਢਲੀ ਸਿਖਲਾਈ 'ਤੇ ਜ਼ੋਰ ਦੇਣ ਲਈ ਪ੍ਰੇਰਿਤ ਕੀਤਾ ਤਾਂ ਜੋ ਵਿਆਕਰਨ ਦੀਆਂ ਗਲਤੀਆਂ ਤੋਂ ਬਚਿਆ ਜਾ ਸਕੇ ਅਤੇ ਮਾਤ ਭਾਸ਼ਾ ਦੀ ਸਹੀ ਅਰਥਾਂ ਵਿੱਚ ਸੇਵਾ ਸੰਭਾਲ ਕੀਤੀ ਜਾ ਸਕੇ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸੁਖਜਿੰਦਰ ਕੌਰ ਨੇ ਮੁੱਖ ਮਹਿਮਾਨ ਗੁਰਵਿੰਦਰ ਸਿੰਘ ਜੌਹਲ ਪੀਸੀਐੱਸ ਆਰਟੀਓ. ਰੂਪਨਗਰ ਅਤੇ ਵਿਸ਼ੇਸ਼ ਮਹਿਮਾਨ ਡਾ. ਸ਼ਮਸ਼ੇਰ ਮੋਹੀ ਸਵਾਗਤ ਕੀਤਾ ਅਤੇ ਮਾਤ ਭਾਸ਼ਾ ਦੀ ਮਹੱਤਤਾ ਤੇ ਚਾਨਣਾ ਪਾਇਆ। ਪ੍ਰੋ. ਰਜਿੰਦਰ ਕੌਰ ਨੇ ਮਾਤ ਭਾਸ਼ਾ ਸਬੰਧੀ ਸਮੂਹ ਹਾਜ਼ਰੀਨ ਨੂੰ ਸਹੁੰ ਚੁਕਾਈ। ਡਾ. ਜਤਿੰਦਰ ਕੁਮਾਰ ਨੇ ਆਏ ਮਹਿਮਾਨਾਂ ਦੇ ਜੀਵਨ ਬਿਓਰੇ ਸਬੰਧੀ ਜਾਣਕਾਰੀ ਦਿੱਤੀ। ਵਿਸ਼ੇਸ਼ ਮਹਿਮਾਨ ਡਾ. ਸ਼ਮਸ਼ੇਰ ਮੋਹੀ ਨੇ 'ਮਾਤ ਭਾਸ਼ਾ ਦੀ ਇਤਿਹਾਸਿਕ ਮਹੱਤਤਾ ਅਤੇ ਅਜੋਕਾ ਸੰਦਰਭ' ਵਿਸ਼ੇ ਤੇ ਪੇਪਰ ਪੜ੍ਹਿਆ ਉਪਰੰਤ ਆਪਣੀਆਂ ਗਜ਼ਲਾਂ ਨਾਲ ਸਮਾਂ ਬੰਨ੍ਹ ਦਿੱਤਾ। ਉਨ੍ਹਾਂ ਦੀਆਂ ਗਜ਼ਲਾਂ ਦੇ ਵੱਖ-ਵੱਖ ਸ਼ੇਅਰਾਂ ਨੂੰ ਭਰਪੂਰ ਦਾਦ ਮਿਲੀ। ਇਸ ਮੌਕੇ ਮੁੱਖ ਮਹਿਮਾਨ ਗੁਰਵਿੰਦਰ ਸਿੰਘ ਜੌਹਲ ਨੇ ਮਾਹੌਲ ਨੂੰ ਆਪਣੀਆਂ ਰਚਨਾਵਾਂ ਨਾਲ ਗਰਮਾ ਦਿੱਤਾ ਵਿਦਿਆਰਥੀਆਂ ਨੇ ਉਨ੍ਹਾਂ ਦੀ ਰਚਨਾ 'ਸ਼ਾਲਾ ਸ਼ਾਨਾ ਉੱਚੀਆਂ ਰਹਿਣ ਪੰਜਾਬ ਦੀਆਂ' ਨੂੰ ਭਰਪੂਰ ਢੰਗ ਨਾਲ ਮਾਣਿਆ ਅਤੇ ਸਰਾਹਿਆ।



ਸਰਕਾਰੀ ਕਾਲਜ ਰੋਪੜ ਵਿਖੇ ਮਨਾਏ ਗਏ ਮਾਤ ਭਾਸ਼ਾ ਮੌਕੇ ਹਾਜ਼ਰ ਮੁੱਖ ਮਹਿਮਾਨ ਗੁਰਵਿੰਦਰ ਸਿੰਘ ਜੌਹਲ ਦੇ ਨਾਲ ਸਮੂਹ ਪ੍ਰੋਫੈਸਰ ਸਾਹਿਬਾਨ।

- **ਆਰਟੀਓ ਗੁਰਵਿੰਦਰ ਸਿੰਘ ਜੌਹਲ ਮੁੱਖ ਮਹਿਮਾਨ ਵਜੋਂ ਪੁੱਜੇ**
- **ਮਾਂ ਬੋਲੀ ਦਾ ਸਤਿਕਾਰ ਕਰਨ ਦੀ ਦਿੱਤੀ ਗਈ ਪ੍ਰੇਰਨਾ**

ਲਗਾਤਾਰ ਵਿਦਿਆਰਥੀਆਂ ਦੀ ਫਰਮਾਇਸ਼ ਤੇ ਉਨ੍ਹਾਂ ਨੇ ਭਾਰਤ-ਪਾਕਿਸਤਾਨ ਵੰਡ ਨਾਲ ਸਬੰਧਤ ,ਆਪਣੀ ਮਸ਼ਹੂਰ ਰਚਨਾ 'ਦੋ ਭਾਈਆਂ ਵਿੱਚ ਵੰਡੀ ਹੋਈ' ਵੀ ਪੇਸ਼ ਕੀਤੀ। ਪ੍ਰੋ. ਹਰਦੀਪ ਕੌਰ ਨੇ ਮੰਚ ਸੰਚਾਲਨ ਬਾਖੂਬੀ ਕੀਤਾ। ਇਸ ਮੌਕੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਨੇ ਪ੍ਰਣ ਲਿਆ ਕਿ ਪੰਜਾਬੀ ਭਾਸ਼ਾ ਦੀ ਤਰੱਕੀ ਲਈ ਲੋਕਾਂ ਨੂੰ ਜਾਗਰੂਕ ਕਰਨਗੇ।

ਇਸ ਮੌਕੇ ਕ੍ਰਿਪਾਲ ਕੌਰ ਯਾਦਗਾਰੀ ਸਾਹਿਤਕ ਟਰੱਸਟ ਦੇ ਪ੍ਰਧਾਨ ਉੱਘੇ ਸਾਹਿਤਕਾਰ ਯਤਿੰਦਰ ਕੌਰ ਮਾਹਲ ਅਤੇ ਉੱਘੇ ਸਾਹਿਤਕਾਰ ਪਰਮਿੰਦਰ ਕੌਰ ਵੀ ਹਾਜ਼ਰ ਹੋਏ।

ਇਸ ਮੌਕੇ ਪ੍ਰੋ. ਹਰਜੀਤ ਸਿੰਘ, ਡਾ. ਨਿਰਮਲ ਸਿੰਘ ਪੰਜਾਬੀ ਵਿਭਾਗ ਦੇ ਪ੍ਰੋ, ਹਰਸਿਮਰਤ ਕੌਰ, ਡਾ. ਨਰਿੰਦਰ ਕੌਰ, ਪ੍ਰੋ. ਬਲਜਿੰਦਰ ਕੌਰ, ਪ੍ਰੋ. ਤਰਨਜੋਤ ਕੌਰ ਤੋਂ ਇਲਾਵਾ ਕਾਲਜ ਦਾ ਸਮੂਹ ਸਟਾਫ਼ ਵੀ ਹਾਜ਼ਰ ਸੀ।